# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-11-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਪਣੇ ਮਨ ਕੀ ਬਾਤ ਪ੍ਰੋਗਰਾਮ ਦੇ 116ਵੇਂ ਐਪੀਸੋਡ ਵਿਚ ਗੈਰ - ਸਿਆਸੀ ਪਿਛੋਕੜ ਵਾਲੇ ਪਰਿਵਾਰਾਂ ਦੇ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਆਉਣ ਦੀ ਅਪੀਲ ਕੀਤੀ ਏ।
- ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਅੱਜ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ।
- ਐਨ.ਸੀ.ਸੀ. ਅੱਜ ਆਪਣਾ 76ਵਾਂ ਸਥਾਪਨਾ ਦਿਵਸ ਮਨਾ ਰਿਹਾ ਏ ਇਸ ਮੌਕੇ ਜਲੰਧਰ ਸਮੇਤ ਹੋਰਨਾਂ ਥਾਵਾਂ ਤੇ ਪ੍ਰੋਗਰਾਮ ਮਨਾਏ ਗਏ।

- ਆਸਟ੍ਰੇਲੀਆ ਵਿਖੇ ਚੱਲ ਰਹੀ ਬਾਰਡਰ-ਗਾਵਸਕਰ ਟੈਸਟ ਲੜੀ ਦੇ ਪਹਿਲੇ ਮੈਚ ਵਿਚ ਵਿਰਾਟ ਕੋਹਲੀ ਤੇ ਯਸ਼ਸਵੀ ਜਾਇਸਵਾਲ ਦੇ ਸੈਂਕੜਿਆਂ ਦੀ ਬਦੌਲਤ ਭਾਰਤ ਮਜ਼ਬੂਤ ਸਥਿਤੀ ’ਚ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੈਰ - ਸਿਆਸੀ ਪਿਛੋਕੜ ਵਾਲੇ ਪਰਿਵਾਰਾਂ ਦੇ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਆਉਣ ਦੀ ਅਪੀਲ ਕੀਤੀ ਏ । ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਦੇ ਆਪਣੇ 116ਵੇਂ ਐਪੀਸੋਡ ਵਿੱਚ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ ਅਗਲੇ ਕੁਝ ਮਹੀਨਿਆਂ ਵਿੱਚ ਅਜਿਹੇ ਇੱਕ ਲੱਖ ਨੌਜਵਾਨਾਂ ਨੂੰ ਰਾਜਨੀਤੀ ਨਾਲ ਜੋੜਨ ਲਈ ਦੇਸ਼ ਵਿੱਚ ਕਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾਣਗੀਆਂ। ਸ੍ਰੀ ਮੋਦੀ ਨੇ ਐਲਾਨ ਕੀਤਾ ਕਿ ਅਗਲੇ ਸਾਲ ਸਵਾਮੀ ਵਿਵੇਕਾਨੰਦ ਦੀ 162ਵੀਂ ਜਨਮ ਵਰ੍ਹੇਗੰਢ’ਤੇ ਦਿੱਲੀ ਵਿੱਚ ‘ਵਿਕਸਤ ਭਾਰਤ ਯੰਗ ਲੀਡਰਜ਼ ਡਾਇਲਾਗ’ ਕਰਾਇਆ ਜਾਵੇਗਾ। ਦੇਸ਼ ਹਰ ਸਾਲ 12 ਜਨਵਰੀ ਨੂੰ ਸਵਾਮੀ ਵਿਵੇਕਾਨੰਦ ਦੀ ਜਨਮ ਵਰ੍ਹੇਗੰਢ ਨੂੰ ਮਨਾਉਣ ਲਈ ਯੁਵਾ ਦਿਵਸ ਮਨਾਉਂਦਾ ਏ। ਪ੍ਰਧਾਨ ਮੰਤਰੀ

ਨੇ ਕਿਹਾ ਕਿ ਵਿਕਸਿਤ ਭਾਰਤ ਯੰਗ ਲੀਡਰ ਡਾਇਲਾਗ ਵਿੱਚ ਪੂਰੇ ਭਾਰਤ ਦੇ ਕਰੋੜਾਂ ਨੌਜਵਾਨ ਹਿੱਸਾ ਲੈਣਗੇ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਅੱਜ 116ਵੇਂ ਮਨ ਕੀ ਬਾਤ ਪ੍ਰੋਗਰਾਮ ਦਾ ਅੰਮਿਤਸਰ ਵਿਖੇ ਭਾਜਪਾ ਦੇ ਰਾਸ਼ਟਰੀ ਮਹਾਂ ਮੰਤਰੀ ਤਰੁਣ ਚੁੱਘ ਦੇ ਦਫ਼ਤਰ ਵਿਚ ਪ੍ਰਸਾਰਿਤ ਕਰਵਾਇਆ ਗਿਆ। ਇੱਸ ਮੌਕੇ ਅੰਮ੍ਰਿਤਸਰ ਦੇ ਲੋਕਾਂ ਵੱਲੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਮਨ ਕੀ ਬਾਤ ਪ੍ਰੋਗਰਾਮ ਬੜੇ ਪਿਆਰ ਨਾਲ ਸੁਣਿਆ ਗਿਆ। Byte

--------------------------------------------------------------

ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਅੱਜ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਸਾਲ 1675 ਵਿਚ ਗੁਰੂ ਤੇਗ ਬਹਾਦਰ ਜੀ ਨੇ ਧਰਮ, ਮਨੁੱਖੀ ਕਦਰਾਂ-ਕੀਮਤਾਂ, ਆਦਰਸ਼ਾਂ ਅਤੇ ਸਿਧਾਂਤਾਂ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ ਸੀ। ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਹਰ ਸਾਲ ਸ਼ਹੀਦੀ ਦਿਹਾੜੇ ਵਜੋਂ ਯਾਦ ਕੀਤਾ ਜਾਂਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸ੍ਰੀ ਗੁਰੂ

ਤੇਗ ਬਹਾਦਰ ਜੀ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਨਮਨ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਇੱਕ ਮਹਾਨ ਅਧਿਆਤਮਿਕ ਮਾਰਗਦਰਸ਼ਕ ਅਤੇ ਇੱਕ ਸੱਚੇ ਦੇਸ਼ ਭਗਤ ਸਨ। ਉਨ੍ਹਾਂ ਪਿਆਰ ਅਤੇ ਏਕਤਾ ਨੂੰ ਅੱਗੇ ਵਧਾਇਆ ਅਤੇ ਲੋਕਾਂ ਨੂੰ ਸੱਚ ਅਤੇ ਨਿਆਂ ਲਈ ਲੜਨ ਲਈ ਉਤਸ਼ਾਹਿਤ ਕੀਤਾ। ਰਾਸ਼ਟਰਪਤੀ ਨੇ ਸਮੂਹ ਦੇਸ਼ ਵਾਸੀਆਂ ਖਾਸ ਕਰਕੇ ਨੌਜਵਾਨਾਂ ਨੂੰ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ ਨੂੰ ਅਪਣਾਉਣ ਅਤੇ ਉਨ੍ਹਾਂ ਦੇ ਮਹਾਨ ਆਦਰਸ਼ਾਂ 'ਤੇ ਚੱਲਣ ਲਈ ਕਿਹਾ। ਓਧਰ, ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਵਸ ਮੌਕੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਗੁਰੂ ਜੀ ਨੂੰ ਹੌਂਸਲੇ ਅਤੇ ਨਿਰਸਵਾਰਥ ਕੁਰਬਾਨੀ ਦਾ ਪ੍ਰਤੀਕ ਕਿਹਾ ਏ। ਸ੍ਰੀ ਧਨਖੜ ਨੇ ਕਿਹਾ ਕਿ ਮਨੁੱਖਤਾ ਦੇ ਮੌਲਿਕ ਅਧਿਕਾਰਾਂ ਦੀ ਰਾਖੀ ਲਈ ਉਨ੍ਹਾਂ ਦੀ ਬੇਮਿਸਾਲ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਦੀਵੀ ਸਰੋਤ ਰਹੇਗੀ।

---

ਐਨ.ਸੀ.ਸੀ. ਦੇ 76ਵੇਂ ਸਥਾਪਨਾ ਦਿਵਸ ਮੌਕੇ ਕਰਨਲ ਵਿਨੋਦ ਜੋਸ਼ੀ, ਕਮਾਂਡਿੰਗ ਅਫ਼ਸਰ 2 ਪੰਜਾਬ ਬਟਾਲੀਅਨ ਐਨ.ਸੀ.ਸੀ., ਸੂਬੇਦਾਰ ਰਾਜਿੰਦਰ ਸਿੰਘ ਅਤੇ ਸੀਨੀਅਰ ਕੈਡਿਟਾਂ ਨੇ ਜੰਗੀ ਯਾਦਗਾਰ ਜਲੰਧਰ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਬਹਾਦਰ ਸ਼ਹੀਦਾਂ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕੀਤੀ ਗਈ। ਦੇਸ਼ ਦੀ ਸੁਰੱਖਿਆ ਲਈ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਯਾਦ ਕੀਤਾ ਗਿਆ। ਕਰਨਲ ਜੋਸ਼ੀ ਨੇ ਕਿਹਾ ਕਿ ਨੌਜਵਾਨ ਕੈਡੇਟਾਂ ਦੇ ਸ਼ਖਸੀਅਤ ਵਿਕਾਸ ਰਾਹੀਂ ਦੇਸ਼ ਪ੍ਰਤੀ ਸਮਰਪਣ ਦੀ ਭਾਵਨਾ ਪੈਦਾ ਕਰਨ ਦਾ ਸਫਲ ਯਤਨ ਕੀਤਾ ਜਾਂਦਾ ਏ। ਉਨ੍ਹਾਂ ਅੱਗੇ ਕਿਹਾ ਕਿ ਐਨ.ਸੀ.ਸੀ. ਦਾ ਉਦੇਸ਼ ਜ਼ਿੰਮੇਵਾਰ ਨਾਗਰਿਕ ਤਿਆਰ ਕਰਨਾ ਏ। 1948 ਵਿੱਚ ਇਸ ਦੀ ਸ਼ੁਰੂਆਤ ਤੋਂ ਲੈ ਕੇ, ਐਨ. ਸੀ. ਸੀ. ਆਪਣੀ ਏਕਤਾ ਅਤੇ ਅਨੁਸ਼ਾਸਨ ਦੇ ਉਦੇਸ਼ ਨਾਲ ਰਾਸ਼ਟਰ ਨਿਰਮਾਣ ਵਿੱਚ ਲਗਾਤਾਰ ਯੋਗਦਾਨ ਪਾ ਰਿਹਾ ਏ। ਐਨਸੀਸੀ ਰਾਹੀਂ ਕੈਡਿਟਾਂ ਨੂੰ ਭਾਰਤੀ ਹਥਿਆਰਬੰਦ ਬਲਾਂ ਵਿੱਚ ਕਮਿਸ਼ਨਡ ਅਫਸਰ, ਅਗਨੀਵੀਰ

ਅਤੇ ਹੋਰ ਹਥਿਆਰਬੰਦ ਬਲਾਂ ਵਜੋਂ ਆਪਣਾ ਕਰੀਅਰ ਬਣਾਉਣ ਲਈ ਤਿਆਰ ਕੀਤਾ ਜਾਂਦਾ ਏ। 2 ਪੰਜਾਬ ਐਨ.ਸੀ.ਸੀ. ਬਟਾਲੀਅਨ ਦੀ ਅਗਵਾਈ ਹੇਠ ਇਸ ਮੌਕੇ ਵੱਖ-ਵੱਖ ਵਿੱਦਿਅਕ ਸੰਸਥਾਵਾਂ ਵਿੱਚ ਕਈ ਮੁਕਾਬਲੇ ਅਤੇ ਪ੍ਰੋਗਰਾਮ ਕਰਵਾਏ ਗਏ। ਵੱਖ-ਵੱਖ ਸਕੂਲਾਂ ਵਿੱਚ ਸਵੱਛ ਭਾਰਤ, ਵਾਤਾਵਰਨ, ਸ਼ਹੀਦਾਂ ਨੂੰ ਸਲਾਮ ਅਤੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦਾ ਯੋਗਦਾਨ ਆਦਿ ਵਿਸ਼ਿਆਂ ’ਤੇ ਪੋਸਟਰ ਮੁਕਾਬਲੇ ਕਰਵਾਏ ਗਏ। ਸੀ ਟੀ ਇੰਸਟੀਚਿਊਟ, ਕੇਂਦਰੀ ਵਿਦਿਆਲਿਆ 2 ਅਤੇ 4 ਦੇ ਕੈਡੇਟਾਂ ਵੱਲੋਂ quiz ਮੁਕਾਬਲੇ ਅਤੇ ‘ਏਕ ਪੇੜ - ਮਾਂ ਕੇ ਨਾਮ’ ਦੇ ਉਪਰਾਲੇ ਤਹਿਤ ਰੁੱਖ ਲਗਾਏ ਗਏ। ਡੀਏਵੀ ਯੂਨੀਵਰਸਿਟੀ ਦੇ 48 ਕੈਡsਟਾਂ ਨੇ ਇਸ ਦਿਨ ਨੂੰ ਮਨਾਉਣ ਲਈ ਖ਼ੂਨਦਾਨ ਕੀਤਾ। ਮੇਹਰ ਚੰਦ ਆਈ.ਟੀ.ਆਈ ਦੇ ਕੈਡਿਟਾਂ ਨੇ ਰਾਸ਼ਟਰ ਦੇ ਸ਼ਹੀਦਾਂ ਨੂੰ ਸਲਾਮ ਦੇ ਵਿਸ਼ੇ ’ਤੇ 15 ਕਿਲੋਮੀਟਰ ਦੀ ਸਾਈਕਲ ਰੈਲੀ ਕੱਢੀ ਅਤੇ ਸ਼ਹੀਦ ਮੇਜਰ ਰਮਨ ਦਾਦਾ ਨੂੰ ਸ਼ਰਧਾਂਜਲੀ ਦਿੱਤੀ।

-----------------------------------------------------

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼

ਯੂਨੀਵਰਸਿਟੀ ਲੁਧਿਆਣਾ ਦੇ ਉਪ-ਕੁਲਪਤੀ ਡਾ. ਜਤਿੰਦਰ ਪਾਲ ਸਿੰਘ ਗਿੱਲ ਨੂੰ ਪੰਡਿਤ ਦੀਨ ਦਯਾਲ ਉਪਾਧਿਆਏ ਵੈਟਨਰੀ ਯੂਨੀਵਰਸਿਟੀ, ਮਥੂਰਾ ਵਿੱਚ ਆਯੋਜਿਤ ਇੰਡੀਅਨ ਸੁਸਾਇਟੀ ਆਫ ਵੈਟਨਰੀ ਫਾਰਮਾਕੋਲੋਜੀ ਐਂਡ ਟੋਕਸੀਕੋਲੋਜੀ ਦੀ 24ਵੀਂ ਸਾਲਾਨਾ ਕਾਨਫਰੰਸ ਵਿੱਚ ਚੇਲੱਪਾ ਯਾਦਗਾਰੀ ਸਨਮਾਨ ਨਾਲ ਨਿਵਾਜਿਆ ਗਿਆ ਐ। ਕਾਨਫਰੰਸ ਵਿੱਚ ਪਤਵੰਤੇ ਮਹਿਮਾਨ ਵਜੋਂ ਸ਼ਾਮਿਲ ਹੋਏ ਡਾ. ਗਿੱਲ ਨੇ ਦੇਸ਼ ਭਰ ਤੋਂ ਆਏ ਵਿਗਿਆਨੀਆਂ ਨੂੰ 'ਪਸ਼ੂ ਪਾਲਣ ਵਿੱਚ ਸੂਖਮਜੀਵ ਵਿਰੋਧੀ ਪ੍ਰਤੀਰੋਧ ਸੰਬੰਧੀ ਵਰਤਮਾਨ ਅਤੇ ਭਵਿੱਖ' ਵਿਸ਼ੇ 'ਤੇ ਸੰਬੋਧਿਤ ਕੀਤਾ। ਉਨ੍ਹਾਂ ਕਿਹਾ ਕਿ ਪਸ਼ੂ ਪਾਲਣ ਵਿੱਚ ਰੋਗਾਣੂਨਾਸ਼ਕ ਪ੍ਰਤੀਰੋਧ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਘਟਾਉਣ ਲਈ ਸਾਨੂੰ ਕਈ ਨੁਕਤਿਆਂ 'ਤੇ ਕੰਮ ਕਰਨਾ ਲੋੜੀਂਦਾ ਐ।

---------------------------------------------------

ਭਾਰਤੀ ਫੌਜ ਦੇ ਵਜਰ ਕੋਰ ਵੱਲੋਂ ਜਲੰਧਰ ਕੈਂਟ ਦੇ ਐਸਟਰੋਟਰਫ ਕਟੋਚ ਸਟੇਡੀਅਮ ਵਿਖੇ ਕਰਵਾਇਆ ਜਾ ਰਿਹਾ ਪੰਜਾਬ ਹਾਕੀ ਲੀਗ 2024 - ਸੀਜ਼ਨ 1 ਸਮਾਪਤ ਹੋ ਗਿਆ ਏ। ਫਾਈਨਲ ਮੈਚ ਵਿਚ

ਪੰਜਾਬ ਆਰਮਡ ਪੁਲਿਸ, ਜਲੰਧਰ ਨੇ 1-0 ਦੇ ਸਕੋਰ ਨਾਲ ਰੇਲ ਕੋਚ ਫੈਕਟਰੀ, ਕਪੂਰਥਲਾ ਨੂੰ ਹਰਾ ਦਿੱਤਾ ਅਤੇ 2 ਲੱਖ ਰੁਪਏ ਦੀ ਇਨਾਮੀ ਰਾਸ਼ੀ ਪ੍ਰਾਪਤ ਕੀਤੀ।  ਵਜਰ ਕੋਰ ਦੀ ਅਗਵਾਈ ਹੇਠ ਕਰਵਾਇਆ ਗਿਆ ਇਹ ਟੂਰਨਾਮੈਂਟ ਪੰਜਾਬ ਭਰ ਵਿੱਚ ਖੇਡਾਂ, ਸਿਹਤਮੰਦ ਜੀਵਨ ਅਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਲਈ ਇੱਕ ਮੀਲ ਪੱਥਰ ਸਾਬਤ ਹੋਇਆ ਏ। ਸਮਾਪਤੀ ਸਮਾਰੋਹ ਦੇ ਮੁੱਖ ਮਹਿਮਾਨ ਵਜਰਾ ਕੋਰ ਦੇ ਜਨਰਲ ਆਫੀਸਰ ਕਮਾਂਡਿੰਗ ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ ਸਨ।

------------------------------------------------------------

ਆਸਟ੍ਰੇਲੀਆ ਦੇ ਪਰਥ ਵਿੱਚ ਖੇਡੀ ਜਾ ਰਹੀ ਬਾਰਡਰ-ਗਾਵਸਕਰ ਟੈਸਟ ਲੜੀ ਦੇ ਪਹਿਲੇ ਮੈਚ ਵਿੱਚ, ਭਾਰਤ ਨੇ ਥੋੜ੍ਹੇ ਸਮੇਂ ਵਿੱਚ ਤਿੰਨ ਵਿਕਟਾਂ ਲੈ ਕੇ ਤੀਜੇ ਦਿਨ ਦੀ ਖੇਡ ਖਤਮ ਹੋਣ ਤੱਕ ਆਸਟਰੇਲੀਆ ‘ਤੇ ਮਜ਼ਬੂਤ ਲੀਡ ਲੈ ਲਈ ਏ। ਮੇਜ਼ਬਾਨ ਟੀਮ ਨੂੰ ਪੰਜ ਮੈਚਾਂ ਦੀ ਟੈਸਟ ਲੜੀ ਦਾ ਪਹਿਲਾ ਮੈਚ ਜਿੱਤਣ ਲਈ 534 ਦੌੜਾਂ ਦੀ ਲੋੜ ਏ। ਆਸਟ੍ਰੇਲੀਆ ਨੇ ਦੂਜੀ ਪਾਰੀ ਵਿਚ 12 ਦੌੜਾਂ ਤੇ ਤਿੰਨ ਵਿਕਟਾਂ ਗੁਆ

ਲਈਆਂ ਨੇ । ਜਸਪ੍ਰੀਤ ਬੁਮਰਾਹ ਨੇ ਦੋ ਅਤੇ ਮੁਹੰਮਦ ਸਿਰਾਜ ਨੇ ਇੱਕ ਵਿਕਟ ਲਈ । ਇਸ ਤੋਂ ਪਹਿਲਾਂ ਵਿਰਾਟ ਕੋਹਲੀ ਅਤੇ ਯਸ਼ਸਵੀ ਜੈਸਵਾਲ ਦੇ ਸੈਂਕੜਿਆਂ ਦੀ ਬਦੌਲਤ ਭਾਰਤ ਨੇ, ਦੂਜੀ ਪਾਰੀ ਵਿਚ 6 ਵਿਕਟਾਂ ਦੇ ਨੁਕਸਾਨ ‘ਤੇ 487 ਦੌੜਾਂ ਬਣਾ ਲਈਆਂ ਅਤੇ ਪਹਿਲੀ ਪਾਰੀ ਦੀਆਂ 46 ਦੌੜਾਂ ਦੀ ਲੀਡ ਦੇ ਨਾਲ ਆਸਟਰੇਲੀਆ ਨੂੰ 534 ਦੌੜਾਂ ਦਾ ਟੀਚਾ ਦਿੱਤਾ। ਵਿਰਾਟ ਕੋਹਲੀ ਨੇ ਆਪਣਾ 30ਵਾਂ ਟੈਸਟ ਸੈਂਕੜਾ ਬਣਾਇਆ । ਸਲਾਮੀ ਬੱਲੇਬਾਜ਼ ਯਸ਼ਸਵੀ ਜੈਸਵਾਲ ਨੇ ਵੀ ਸ਼ਾਨਦਾਰ 161 ਦੌੜਾਂ ਬਣਾਈਆਂ ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਪਣੇ ਮਨ ਕੀ ਬਾਤ ਪ੍ਰੋਗਰਾਮ ਦੇ 116ਵੇਂ ਐਪੀਸੋਡ ਵਿਚ ਗੈਰ - ਸਿਆਸੀ ਪਿਛੋਕੜ ਵਾਲੇ ਪਰਿਵਾਰਾਂ ਦੇ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਆਉਣ ਦੀ ਅਪੀਲ ਕੀਤੀ ਏ ।
- ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਅੱਜ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ ।

- ਐਨ.ਸੀ.ਸੀ. ਅੱਜ ਆਪਣਾ 76ਵਾਂ ਸਥਾਪਨਾ ਦਿਵਸ ਮਨਾ ਰਿਹਾ ਏ ਇਸ ਮੌਕੇ ਜਲੰਧਰ ਸਮੇਤ ਹੋਰਨਾਂ ਥਾਵਾਂ ਤੇ ਪ੍ਰੋਗਰਾਮ ਮਨਾਏ ਗਏ।
- ਆਸਟ੍ਰੇਲੀਆ ਵਿਖੇ ਚੱਲ ਰਹੀ ਬਾਰਡਰ-ਗਾਵਸਕਰ ਟੈਸਟ ਲੜੀ ਦੇ ਪਹਿਲੇ ਮੈਚ ਵਿਚ ਵਿਰਾਟ ਕੋਹਲੀ ਤੇ ਯਸ਼ਸਵੀ ਜਾਇਸਵਾਲ ਦੇ ਸੈਂਕੜਿਆਂ ਦੀ ਬਦੌਲਤ ਭਾਰਤ ਮਜ਼ਬੂਤ ਸਥਿਤੀ ’ਚ।